# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 13-08-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- 28 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 200 ਪੰਚਾਇਤ ਨੁਮਾਇੰਦੇ, ਨਵੀਂ ਦਿੱਲੀ ਵਿੱਚ ਆਜ਼ਾਦੀ ਦਿਵਸ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਹੋਣਗੇ ਸ਼ਾਮਲ।
- ਆਉਂਦੇ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਜ਼ਿਲ੍ਹਿਆਂ ਅਤੇ ਸਰਹੱਦੀ ਰੇਂਜਾਂ ਦੇ ਪੁਲਿਸ ਮੁਖੀਆਂ ਨਾਲ ਮੀਟਿੰਗ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਰਹਿੰਦ ਵਿਖੇ ਬਣਨ ਵਾਲੇ 500 ਗ੍ਰਾਮ ਪੰਚਾਇਤ ਭਵਨਾਂ ਦਾ ਨੀਂਹ ਪੱਥਰ ਰਖਿਆ।
- ਕਪੂਰਥਲਾ ਦੇ ਡਿਪਟੀ ਕਮਿਸ਼ਨਰ ਵੱਲੋਂ ਢਿਲਵਾਂ ਦੇ ਮੰਡ ਖੇਤਰ ਦਾ ਦੌਰਾ- ਲੋੜਵੰਦਾਂ ਨੂੰ ਸੁੱਕਾ ਰਾਸ਼ਨ , ਚਾਰਾ ਤੇ ਪੀਣ ਵਾਲਾ ਪਾਣੀ ਪਹਿਲ ਦੇ ਆਧਾਰ ਤੇ ਮੁਹੱਈਆ ਕਰਵਾਉਣ ਦੇ ਹੁਕਮ- ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਤਾਇਨਾਤ।

- ਪਟਿਆਲਾ ਜ਼ਿਲ੍ਹਾ ਖਪਤਕਾਰ ਝਗੜਾ ਨਿਵਾਰਣ ਕਮਿਸ਼ਨ ਨੇ, ਨਕਲੀ ਬੀਜ ਸਪਲਾਈ ਕਰਨ ਵਾਲੇ ਵੱਖ-ਵੱਖ ਡੀਲਰਾਂ ਨੂੰ ਕੀਤਾ ਜੁਰਮਾਨਾ - ਪ੍ਰਭਾਵਿਤ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਕਰਨ ਦੇ ਨਿਰਦੇਸ਼।

ਹੁਣ ਖਬਰਾਂ ਵਿਸਥਾਰ ਨਾਲ.....

-------------------------------------------------------

ਦੇਸ਼ 79ਵੇਂ ਆਜ਼ਾਦੀ ਦਿਵਸ ਦੇ ਜਸ਼ਨਾਂ ਲਈ ਤਿਆਰ ਏ । ਆਜ਼ਾਦੀ ਦਿਵਸ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਿੱਲੀ ਦੇ ਲਾਲ ਕਿਲ੍ਹੇ ਦੀ ਫਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਨਗੇ। ਦਿੱਲੀ ਪੁਲਿਸ ਨੇ ਆਜ਼ਾਦੀ ਦਿਵਸ ਦੇ ਮੌਕੇ 'ਤੇ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਨੇ । ਇਸ ਲਈ, ਰਾਜਧਾਨੀ ਵਿੱਚ ਅਰਧ ਸੈਨਿਕ ਬਲਾਂ ਦੀਆਂ ਟੁਕੜੀਆਂ ਤਾਇਨਾਤ ਕੀਤੀਆਂ ਗਈਆਂ ਨੇ । 28 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 210 ਪੰਚਾਇਤ ਆਗੂ, 15 ਅਗਸਤ ਨੂੰ ਨਵੀਂ ਦਿੱਲੀ ਵਿੱਚ ਆਜ਼ਾਦੀ ਦਿਵਸ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਸਾਲ ਦੇ ਵਿਸ਼ੇਸ਼ ਮਹਿਮਾਨਾਂ ਵਿੱਚ ਵੱਡੀ ਗਿਣਤੀ ਵਿੱਚ ਮਹਿਲਾ ਪੰਚਾਇਤ ਨੁਮਾਇੰਦੇ ਸ਼ਾਮਲ ਨੇ ਜਿਨ੍ਹਾਂ ਨੇ ਆਪਣੀਆਂ ਗ੍ਰਾਮ ਪੰਚਾਇਤਾਂ ਵਿੱਚ ਬਿਹਤਰ ਬੁਨਿਆਦੀ ਢਾਂਚਾ, ਬਿਹਤਰ ਜਨਤਕ ਸੇਵਾਵਾਂ ਅਤੇ ਸਮਾਵੇਸ਼ੀ ਭਾਈਚਾਰਕ ਪਹਿਲਕਦਮੀਆਂ ਵਰਗੇ ਮਹੱਤਵਪੂਰਨ ਸੁਧਾਰ

ਕੀਤੇ ਨੇ । ਪੰਚਾਇਤੀ ਰਾਜ ਮੰਤਰਾਲੇ ਨੇ ਕਿਹਾ ਕਿ ਇਨ੍ਹਾਂ ਵਿਸ਼ੇਸ਼ ਮਹਿਮਾਨਾਂ ਨੇ ਹਰ ਘਰ ਨਲ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ ਗ੍ਰਾਮੀਣ ਅਤੇ ਮਿਸ਼ਨ ਇੰਦਰਧਨੁਸ਼ ਵਰਗੀਆਂ ਪ੍ਰਮੁੱਖ ਸਰਕਾਰੀ ਯੋਜਨਾਵਾਂ ਨੂੰ ਸਾਕਾਰ ਕਰਨ ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ ਏ । ਇਨ੍ਹਾਂ ਵਿਸ਼ੇਸ਼ ਮਹਿਮਾਨਾਂ ਲਈ ਕੱਲ੍ਹ ਨਵੀਂ ਦਿੱਲੀ ਵਿੱਚ ਇੱਕ ਰਸਮੀ ਸਨਮਾਨ ਸਮਾਰੋਹ ਆਯੋਜਿਤ ਕੀਤਾ ਜਾਵੇਗਾ। ਪ੍ਰੋਗਰਾਮ ਦੌਰਾਨ ਏ.ਆਈ.-ਸੰਚਾਲਿਤ ਸਭਾਸਰ ਐਪਲੀਕੇਸ਼ਨ ਵੀ ਜਾਰੀ ਕੀਤੀ ਜਾਵੇਗੀ। ਇਸ ਸਾਲ ਦੇ ਪ੍ਰੋਗਰਾਮ ਦਾ ਵਿਸ਼ਾ ਆਤਮ-ਨਿਰਭਰ ਪੰਚਾਇਤ ਵਿਕਾਸਿਤ ਭਾਰਤ ਕੀ ਪਛਾਣ ਏ , ਜੋ ਵਿਕਸਤ ਭਾਰਤ ਦੇ ਇੱਕ ਪ੍ਰਮੁੱਖ ਥੰਮ੍ਹ ਵਜੋਂ ਆਤਮ -ਨਿਰਭਰ ਭਾਰਤ ਪੰਚਾਇਤਾਂ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਏ ।

---------------------------------------------------------------

ਆਉਂਦੇ ਆਜ਼ਾਦੀ ਦਿਵਸ ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਲਈ, ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਜ਼ਿਲ੍ਹਿਆਂ ਅਤੇ ਸਰਹੱਦੀ ਰੇਂਜਾਂ ਦੇ ਪੁਲਿਸ ਮੁਖੀਆਂ ਨਾਲ ਮੀਟਿੰਗਾਂ ਕੀਤੀਆਂ । ਸ਼੍ਰੀ ਯਾਦਵ ਨੇ ਦਹਿਸ਼ਤਗਰਦੀ ਵਿਰੋਧੀ ਰਣਨੀਤੀਆਂ ਦੀ ਸਮੀਖਿਆ ਕੀਤੀ ਅਤੇ ਸਰਹੱਦੀ ਸੂਬੇ ਵਿੱਚ ਕਿਸੇ ਵੀ ਕਾਨੂੰਨ ਵਿਵਸਥਾ ਦੀ

ਉਲੰਘਣਾ ਨੂੰ ਰੋਕਣ ਲਈ ਅੰਤਰ-ਜ਼ਿਲ੍ਹਾ ਤਾਲਮੇਲ, ਅਤੇ ਚੌਵੀ ਘੰਟੇ ਨਿਗਰਾਨੀ 'ਤੇ ਕਾਰਜਸ਼ੀਲ ਨਿਰਦੇਸ਼ ਜਾਰੀ ਕੀਤੇ । ਉਨ੍ਹਾਂ ਨੇ ਅੰਤਰ-ਜ਼ਿਲ੍ਹਾ ਤਾਲਮੇਲ ਨੂੰ ਮਜ਼ਬੂਤ ਕਰਨ ਅਤੇ ਸਭ ਨੂੰ ਯਕੀਨੀ ਬਣਾਉਣ ਲਈ ਕੀਮਤੀ ਖੇਤਰੀ ਸੂਝਾਂ ਦੇ ਆਦਾਨ-ਪ੍ਰਦਾਨ ਲਈ ਐਸ.ਐਚ.ਓ ਸਮੇਤ ਸਾਰੇ ਰੈਂਕਾਂ ਦੇ ਅਧਿਕਾਰੀਆਂ ਨਾਲ ਸਿੱਧੇ ਤੌਰ 'ਤੇ ਵੀ ਗੱਲਬਾਤ ਕੀਤੀ। ਏਧਰ ਜਲੰਧਰ ਸਮੇਤ ਵੱਖ ਵੱਖ ਜ਼ਿਲਿਆਂ ਵਿਚ ਪੁਲਿਸ ਵਲੋਂ ਪੂਰੇ ਸ਼ਹਿਰਾਂ ਵਿੱਚ ਅਧਿਕਾਰੀ ਤਾਇਨਾਤ ਕਰਦੇ ਹੋਏ ਇਕ ਵਿਆਪਕ ਸੁਰੱਖਿਆ ਯੋਜਨਾ ਲਾਗੂ ਕੀਤੀ ਗਈ ਏ । ਸੀਨੀਅਰ ਪੁਲਿਸ ਅਧਿਕਾਰੀਆਂ ਵੱਲੋਂ ਸੁਰੱਖਿਆ ਪ੍ਰਬੰਧਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ ।ਜਲੰਧਰ ਦੇ ਪੁਲਿਸ ਕਮਿਸ਼ਨਰ ਵੱਲੋਂ ਸੁਰੱਖਿਆ ਪ੍ਰਬੰਧਾਂ ਤੇ ਸਿੱਧੀ ਨਿਗਰਾਨੀ ਰੱਖੀ ਜਾ ਰਹੀ ਏ। ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਪੁਲਿਸ ਟ੍ਰੇਨਿੰਗ ਸੈਂਟਰਾਂ ਤੋਂ ਹੋਰ ਫੋਰਸ ਮੰਗਵਾਈ ਗਈ ਏ। ਭੀੜ-ਭੜੱਕੇ ਵਾਲੇ ਜਨਤਕ ਖੇਤਰਾਂ, ਜਿਨ੍ਹਾਂ ਵਿੱਚ ਰੇਲਵੇ ਸਟੇਸ਼ਨ, ਬੱਸ ਅੱਡਿਆਂ ਪਾਰਕਿੰਗ ਸਹੂਲਤਾਂ ਅਤੇ ਸ਼ਾਪਿੰਗ ਮਾਲ ਸ਼ਾਮਲ ਹਨ, 'ਤੇ ਵਿਸ਼ੇਸ਼ ਕਾਸੋ ਆਪਰੇਸ਼ਨ ਚਲਾਇਆ ਗਿਆ।

---

ਆਜ਼ਾਦੀ ਦਿਵਸ ਦੇ ਮੌਕੇ 'ਤੇ, ਦੇਸ਼ ਭਰ ਵਿੱਚ 'ਹਰ ਘਰ ਤਿਰੰਗਾ ਅਭਿਆਨ' ਚਲਾਇਆ ਜਾ ਰਿਹਾ ਏ। ਪੰਜਾਬ ਵਿੱਚ, 79ਵੇਂ ਆਜ਼ਾਦੀ

ਦਿਵਸ ਦੇ ਪੂਰਵਗਾਮੀ ਵਜੋਂ ਨਾ ਸਿਰਫ਼ ਆਮ ਨਾਗਰਿਕਾਂ ਵਲੋਂ , ਸਗੋਂ ਜਲੰਧਰ ਅਤੇ ਸੂਬੇ ਦੇ ਹੋਰ ਸਥਾਨਾਂ 'ਤੇ ਤਾਇਨਾਤ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਦੁਆਰਾ ਵੀ 'ਹਰ ਘਰ ਤਿਰੰਗਾ' ਰੈਲੀਆਂ ਦੀ ਇੱਕ ਲੜੀ ਜਾਰੀ ਏ। ਪੇਸ਼ ਏ ਇੱਕ ਰਿਪੋਰਟ :

-----------------------------------------------------

ਇਸੇ ਲੜੀ ਤਹਿਤ ਅੱਜ ਕੇਂਦਰੀ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਦੇ ਜਲੰਧਰ ਪੱਤਰ ਸੂਚਨਾ ਦਫਤਰ ਵੱਲੋਂ 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਤਿਰੰਗਾ ਲਹਿਰਾਇਆ ਗਿਆ। ਇਸ ਮੌਕੇ ਪੀ.ਆਈ.ਬੀ ਜਲੰਧਰ ਦੇ ਕਾਰਜਕਾਰੀ ਮੁਖੀ ਗੁਰਮੀਤ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਮੁੱਖ ਮਕਸਦ ਲੋਕਾਂ ਵਿੱਚ ਕੌਮੀ ਤਿਰੰਗੇ ਦੀ ਭਾਵਨਾ ਨੂੰ ਹੋਰ ਡੂੰਘਾ ਕਰਨਾ ਏ। ਇਸ ਮੌਕੇ ਵਿਭਾਗ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਵੱਲੋਂ, ਹਰ ਘਰ ਤਿਰੰਗਾ ਮੁਹਿੰਮ ਨੂੰ ਘਰ ਘਰ ਪਹੁੰਚਾਉਣ ਸਬੰਧੀ ਇੱਕ ਸੰਹੁ ਵੀ ਚੁੱਕੀ ਗਈ।

-----------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਰਹਿੰਦ ਵਿਖੇ ਬਣਨ ਵਾਲੇ 500 ਗ੍ਰਾਮ ਪੰਚਾਇਤ ਭਵਨਾਂ ਦਾ ਨੀਂਹ ਪਥਰ ਰਖਿਆ। ਇਸ ਮੌਕੇ ਇਕ ਇਕੱਠ ਨੂੰ ਸਬੋਧਨ ਕਰਦਿਆਂ ਮੁਖ ਮੰਤਰੀ ਨੇ ਕਿਹਾ ।

BYTE:

ਇਸ ਤੋਂ ਪਹਿਲਾਂ ਓਹਨਾਂ ਨੇ ਨਵੇਂ ਚੁਣੇ ਗਏ ਮਹਿਲਾ ਸਰਪੰਚ ਅਤੇ ਪੰਚਾਂ ਨੂੰ ਮਹਾਰਾਸ਼ਟਰ ਵਿਚ ਸਿਖਲਾਈ ਦਵਾਉਣ ਲਈ ਰੇਲ ਰਾਹੀਂ ਰਵਾਨਾ ਵੀ ਕੀਤਾ ।ਇਸ ਬਾਰੇ ਊਨਾ ਕਿਹਾ BYTE:

------------------------------------------------------------

ਪਠਾਨਕੋਟ, ਡਲਹੌਜ਼ੀ, ਚੰਬਾ ਕੌਮੀ ਸ਼ਾਹਰਾਹ 'ਤੇ ਜ਼ਮੀਨ ਖਿਸਕਣ ਕਾਰਣ ਬੰਦ ਹੋਏ ਸ਼ਾਹਰਾਹ ਨੂੰ ਮੁਰੰਮਤ ਦੇ ਬਾਅਦ ਦੁਬਾਰਾ ਖੋਲ੍ਹ ਦਿੱਤਾ ਗਿਆ ਏ। ਫਿਲਹਾਲ ਇਸ ਸ਼ਾਹਰਾਹ ਨੂੰ ਹਲਕੇ ਵਾਹਨਾਂ ਲਈ ਖੋਲਿਆ ਗਿਆ ਏ. ਜਦਕਿ ਭਾਰੀ ਵਾਹਨਾਂ ਦੀ ਆਵਾਜਾਈ 'ਤੇ ਅਗਲੇ ਆਦੇਸ਼ਾਂ ਤਕ ਪਾਬੰਦੀ ਲਾਈ ਗਈ ਏ। ਅਧਿਕਾਰੀਆਂ ਨੇ ਦੱਸਿਆ ਏ ਕਿ ਪਹਾੜੀ ਇਲਾਕੇ 'ਚ ਭਾਰੀ ਬਾਰਿਸ਼ ਦੇ ਚਲਦਿਆਂ ਦੁਨੇਰਾ ਨੇੜ੍ਹੇ ਸੜ੍ਹਕ ਦੇ ਨੁਕਸਾਨੇ ਜਾਣ ਮਗਰੋਂ ਸ਼ਾਹਰਾਹ 'ਤੇ ਵਾਹਨਾਂ ਦੀ ਆਵਾਜਾਈ ਨੂੰ ਬੰਦ ਕਰ ਦਿੱਤਾ ਗਿਆ ਸੀ. ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਏ ਕਿ ਸੜ੍ਹਕ ਦੀ ਪੱਕੀ ਮੁਰੰਮਤ 'ਚ ਥੋੜਾ ਸਮਾਂ ਲਗੇਗਾ ਜੋ ਕਿ ਬਾਰਿਸ਼ਾਂ ਦੇ ਖਤਮ ਹੋਣ ਤੋਂ ਬਾਅਦ ਹੀ ਸੰਭਵ ਹੋਏਗਾ ।

------------------------------------------------------------

ਓਧਰ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਅੱਜ ਢਿਲਵਾਂ ਦੇ ਮੰਡ ਖੇਤਰ ਦਾ ਦੌਰਾ ਕਰਕੇ ਬਿਆਸ ਦਰਿਆ ਵਿਚ

ਪਾਣੀ ਦਾ ਪੱਧਰ ਵਧਣ ਕਾਰਨ ਉਪਜੇ ਹਾਲਾਤ ਦਾ ਜਾਇਜ਼ਾ ਲਿਆ । ਉਨ੍ਹਾਂ ਦੇ ਨਾਲ ਜਲ ਸਰੋਤ ਵਿਭਾਗ ਦੇ ਡਾਇਰੈਕਟਰ ਤੇ ਹਲਕਾ ਭੁਲੱਥ ਦੇ ਇੰਚਾਰਜ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਵੀ ਸਨ । ਡਿਪਟੀ ਕਮਿਸ਼ਨਰ ਨੇ ਮੰਡ ਕੂਕਾ ਪਿੰਡ ਦਾ ਦੌਰਾ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਏ ਤੇ ਪਾਣੀ ਦੇ ਪੱਧਰ ਉਪਰ 24 ਘੰਟੇ ਨਿਗਰਾਨੀ ਰੱਖੀ ਜਾ ਰਹੀ ਏ । ਸ੍ਰੀ ਪੰਚਾਲ ਨੇ SDM ਡੈਵੀ ਗੋਇਲ਼ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋੜਵੰਦਾਂ ਨੂੰ ਸੁੱਕਾ ਰਾਸ਼ਨ, ਪਸ਼ੂਆਂ ਲਈ ਹਰਾ ਚਾਰਾ ਤੇ ਪੀਣ ਵਾਲਾ ਸਾਫ ਪਾਣੀ ਪਹਿਲ ਦੇ ਆਧਾਰ ਤੇ ਮੁਹੱਈਆ ਕਰਵਾਇਆ ਜਾਵੇ। ਇਸ ਤੋਂ ਇਲਾਵਾ ਸੰਵੇਦਨਸ਼ੀਲ ਥਾਵਾਂ ਉੱਪਰ ਕਿਸ਼ਤੀਆਂ ਮੁਹੱਈਆ ਕਰਵਾਉਣ ਦੇ ਵੀ ਨਿਰਦੇਸ਼ ਦਿੱਤੇ ਗਏ ਨੇ। ਨੀਵੇਂ ਖੇਤਰਾਂ ਵਿੱਚ ਪਾਣੀ ਭਰਨ ਕਾਰਨ ਪਸ਼ੂ ਧੰਨ ਧੁੱਸੀ ਬੰਨ੍ਹ ਉੱਪਰ ਲਿਆਏ ਜਾਣ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਵਲੋਂ ਲੋਕਾਂ ਦੀ ਮੰਗ ਉੱਪਰ ਧੁੱਸੀ ਬੰਨ੍ਹ ਉਪਰ ਬਿਜਲੀ ਦਾ ਪ੍ਰਬੰਧ ਕਰਨ ਲਈ ਕਿਹਾ ਗਿਆ। ਉਨ੍ਹਾਂ ਦੱਸਿਆ ਕਿ ਪਾਣੀ ਦਾ ਪੱਧਰ ਲਗਭਗ ਪਿਛਲੇ 24 ਘੰਟੇ ਦੌਰਾਨ 1 ਲਖ 10 ਹਜ਼ਾਰ ਕਿਊਸਕ ਚੱਲ ਰਿਹਾ ਏ ਤੇ ਇਸ ਦਾ ਪੱਧਰ ਸਥਿਰ ਏ । ਸ੍ਰੀ ਪੰਚਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪੌਂਗ ਡੈਮ ਤੇ ਹਰੀਕੇ ਹੈੱਡ ਵਿਖੇ ਭਾਖੜਾ ਬਿਆਸ ਪ੍ਰਬੰਧਨ ਬੋਰਡ ਤੇ ਡਰੇਨਜ ਵਿਭਾਗ ਦੇ

ਅਧਿਕਾਰੀਆਂ ਨਾਲ ਲਗਾਤਾਰ ਰਾਬਤੇ ਵਿੱਚ ਏ ਤੇ ਸਥਿਤੀ ਉੱਪਰ ਕਰੜੀ ਨਜ਼ਰ ਰੱਖੀ ਜਾ ਰਹੀ ਏ। ਉਨ੍ਹਾਂ ਇਹ ਵੀ ਦੱਸਿਆ ਕਿ ਪਸ਼ੂਆਂ ਦੀ ਸੁਰੱਖਿਆ ਲਈ ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਵੀ ਪ੍ਰਭਾਵਿਤ ਖੇਤਰਾਂ ਵਿੱਚ ਤਾਇਨਾਤ ਕੀਤੀਆਂ ਗਈਆਂ ਨੇ । ਸ੍ਰੀ ਪੰਚਾਲ ਨੇ ਇਹ ਵੀ ਕਿਹਾ ਕਿ ਜ਼ਿਲ੍ਹਾ ਕਪੂਰਥਲਾ ਅੰਦਰ ਧੁੱਸੀ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਨੇ ਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ। ਉਧਰ ਕੱਲ ਰਾਜ ਸਭਾ ਮੈਂਬਰ ਸੰਤ ਬਲਵੀਰ ਸਿੰਘ ਸੀਚੇਵਾਲ ਵੱਲੋਂ ਆਪਣੇ ਸਾਥੀਆਂ ਨਾਲ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਉਹਨਾਂ ਨੂੰ ਸੁਰੱਖਿਤ ਬਾਹਰ ਕੱਢਣ ਅਤੇ ਖਾਣਾ ਪਹੁੰਚਾਉਣ ਦਾ ਕਾਰਜ ਸ਼ੁਰੂ ਕੀਤਾ ਗਿਆ ਜੋ ਅੱਜ ਵੀ ਜਾਰੀ ਏ। ਪਸ਼ੂਆਂ ਦੇ ਚਾਰੇ ਦਾ ਵੀ ਪ੍ਰਬੰਧ ਕੀਤਾ ਗਿਆ ਏ।

---------------------------------------------------------------

ਪਟਿਆਲਾ ਜ਼ਿਲ੍ਹਾ ਖਪਤਕਾਰ ਝਗੜਾ ਨਿਵਾਰਣ ਕਮਿਸ਼ਨ ਨੇ ਨਕਲੀ ਬੀਜਾਂ ਵੱਖ ਵੱਖ ਡੀਲਰਾਂ ਵੱਲੋਂ ਨਕਲੀ ਬੀਜਾਂ ਦੀ ਸਪਲਾਈ ਦੇ ਮੱਦੇਨਜ਼ਰ ਪੀੜਤ ਕਿਸਾਨਾਂ ਨੂੰ ਪ੍ਰਤੀ ਏਕੜ 76 ਹਜ਼ਾਰ 800 ਰੁਪਏ ਦੀ ਅਦਾਇਗੀ ਕਰਨ ਦਾ ਐਲਾਨ ਕੀਤਾ ਏ। ਕਮਿਸ਼ਨ ਨੇ ਕਿਹਾ ਕਿ ਇਨ੍ਹਾਂ ਡੀਲਰਾਂ ਨੇ ਹੈਦਰਾਬਾਦ ਤੋਂ ਬੀਜ ਖਰੀਦੇ ਨੇ, ਜਿਸਦਾ ਲਾਇਸੈਂਸ ਪਹਿਲਾਂ ਹੀ ਸਾਲ 2019 ਵਿੱਚ ਖਤਮ ਹੋ ਚੁੱਕਾ ਸੀ ਅਤੇ ਪੰਜਾਬ ਰਾਜ ਵਿੱਚ ਇਹਨਾਂ ਬੀਜਾਂ ਨੂੰ ਵੇਚਣ ਲਈ ਅਧਿਕਾਰਤ ਨਹੀਂ ਸੀ।

ਉਨਾ ਦਸਿਆ ਕਿ  ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਨੇ ਸਾਲ 2022 ਵਿੱਚ ਸੂਰਜਮੁਖੀ ਦੀ ਫਸਲ ਦੀ ਕਾਸ਼ਤ ਕੀਤੀ ਸੀ। ਹਾਲਾਂਕਿ ਕੋਈ ਝਾੜ ਨਹੀਂ ਮਿਲਿਆ ਕਿਉਂਕਿ ਸਥਾਨਕ ਡੀਲਰਾਂ ਵੱਲੋਂ ਕਿਸਾਨਾਂ ਨੂੰ ਨਕਲੀ ਬੀਜ ਸਪਲਾਈ ਕੀਤੇ ਗਏ ਸਨ।  ਕਿਸਾਨਾਂ ਵੱਲੋਂ ਕਮਿਸ਼ਨ ਸ਼ਿਕਾਇਤ ਦਰਜ ਕਰਵਾਈ ਗਈ ਸੀ।  ਕਿਸਾਨਾਂ ਦੇ ਮਾਮਲੇ ਦੀ ਸੁਣਵਾਈ ਕਮਿਸ਼ਨ  ਦੇ ਚੇਅਰਮੈਨ  ਪੁਸ਼ਵਿੰਦਰ ਸਿੰਘ ਅਤੇ ਮੈਂਬਰ ਜੀ.ਐਸ ਨਾਗੀ ਦੇ ਬੈਂਚ ਵਲੋਂ ਕੀਤੀ ਗਈ ਸੀ ਅਤੇ ਕਿਸਾਨਾਂ ਦੇ ਹੱਕ ਵਿੱਚ ਫੈਸਲਾ ਸੁਣਾਇਆ ਗਿਆ ਸੀ। ਸ਼ਿਕਾਇਤਾਂ ਦਰਜ ਕਰਵਾਉਣ ਵਾਲੇ ਕਿਸਾਨਾਂ ਨੂੰ ਪ੍ਰਤੀ ਏਕੜ 76800 ਰੁਪਏ ਦੀ ਰਾਹਤ ਦੇ ਨਾਲ-ਨਾਲ ਹਰੇਕ ਕਿਸਾਨ ਨੂੰ 35000 ਰੁਪਏ ਦਾ ਮੁਆਵਜ਼ਾ ਦਿੱਤਾ ਗਿਆ ।  ਪਹਿਲਾਂ ਕਿਸਾਨਾਂ ਨੇ ਮੁੱਖ ਮੰਤਰੀ ਪੰਜਾਬ ਅਤੇ ਐਸ.ਐਸ.ਪੀ ਪਟਿਆਲਾ ਕੋਲ ਸ਼ਿਕਾਇਤ ਦਰਜ ਕਰਵਾਈ ਸੀ। ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਮਾਹਿਰਾਂ ਦੀ ਇੱਕ ਕਮੇਟੀ ਬਣਾਈ ਗਈ ਸੀ ਅਤੇ ਸ਼ਿਕਾਇਤ ਨੂੰ ਸਹੀ ਪਾਇਆ ਗਿਆ।

---------------------------------------------------

- 28 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 200 ਪੰਚਾਇਤ ਨੁਮਾਇੰਦੇ, ਨਵੀਂ ਦਿੱਲੀ ਵਿੱਚ ਆਜ਼ਾਦੀ ਦਿਵਸ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਹੋਣਗੇ ਸ਼ਾਮਲ।
- ਆਉਂਦੇ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਜ਼ਿਲ੍ਹਿਆਂ ਅਤੇ ਸਰਹੱਦੀ ਰੇਂਜਾਂ ਦੇ ਪੁਲਿਸ ਮੁਖੀਆਂ ਨਾਲ ਮੀਟਿੰਗ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਰਹਿੰਦ ਵਿਖੇ ਬਣਨ ਵਾਲੇ 500 ਗ੍ਰਾਮ ਪੰਚਾਇਤ ਭਵਨਾਂ ਦਾ ਨੀਂਹ ਪੱਥਰ ਰਖਿਆ।
- · ਕਪੂਰਥਲਾ ਦੇ ਡਿਪਟੀ ਕਮਿਸ਼ਨਰ ਵੱਲੋਂ ਢਿਲਵਾਂ ਦੇ ਮੰਡ ਖੇਤਰ ਦਾ ਦੌਰਾ- ਲੋੜਵੰਦਾਂ ਨੂੰ ਸੁੱਕਾ ਰਾਸ਼ਨ , ਚਾਰਾ ਤੇ ਪੀਣ ਵਾਲਾ ਪਾਣੀ ਪਹਿਲ ਦੇ ਆਧਾਰ ਤੇ ਮੁਹੱਈਆ ਕਰਵਾਉਣ ਦੇ ਹੁਕਮ- ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਤਾਇਨਾਤ।
- ਪਟਿਆਲਾ ਜ਼ਿਲ੍ਹਾ ਖਪਤਕਾਰ ਝਗੜਾ ਨਿਵਾਰਣ ਕਮਿਸ਼ਨ ਨੇ, ਨਕਲੀ ਬੀਜ ਸਪਲਾਈ ਕਰਨ ਵਾਲੇ ਵੱਖ-ਵੱਖ ਡੀਲਰਾਂ ਨੂੰ ਕੀਤਾ ਜੁਰਮਾਨਾ - ਪ੍ਰਭਾਵਿਤ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਕਰਨ ਦੇ ਨਿਰਦੇਸ਼।

ਇਸਦੇ ਨਾਲ ਪ੍ਰਦੇਸ਼ਕ   ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇ ਆ,  ਰਾਸ਼ਟਰੀ  ਖਬਰਾਂ ਦਾ  ਅਗਲਾ  ਬੁਲੇਟਿਨ ਤੁਸੀਂ ਸੁਣੋਗੇ    7  ਵੱਜਕੇ  30 ਮਿੰਟ  'ਤੇ  ਨਮਸਕਾਰ  !